ਗਊਸ਼ਾਲਾ ਦੇ ਵਿਕਾਸ ’ਤੇ ਖਰਚ ਕੀਤੇ ਜਾਣਗੇ 25 ਲੱਖ ਰੁਪਏ- ਡਿਪਟੀ ਕਮਿਸ਼ਨਰ

ਪਿੰਡ ਦੁੱਬਲੀ ਵਿਖੇ ਗਊਸ਼ਾਲਾ ਦਾ ਸਥਾਪਨਾ ਦਿਵਸ ਮਨਾਉਣ ਲਈ ਸਮਾਗਮ

ਤਰਨਤਾਰਨ, 6 ਨਵੰਬਰ :

ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਦੁੱਬਲੀ ਵਿਖੇ ਸਥਾਪਿਤ ਗਊਸ਼ਾਲਾ ਦਾ ਸਥਾਪਨਾ ਦਿਵਸ ਮਨਾਉਣ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ’ਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੁਆਤ ਮੌਕੇ ਹਵਨ ਯੱਗ ਕੀਤਾ ਗਿਆ, ਜਿਸ ਵਿੱਚ ਡਿਪਟੀ ਕਮਿਸ਼ਨਰ, ਵਧੀਕ ਕਮਿਸ਼ਨਰ (ਜਨਰਲ) ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵੱਲੋਂ ਆਹੂਤੀਆਂ ਦਿੱਤੀਆਂ ਗਈ। ਇਸ ਮੌਕੇ ’ਤੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਗਊਸ਼ਾਲਾ ਦੇ ਵਿਕਾਸ ’ਤੇ 25 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 5.50 ਲੱਖ ਦੀ ਰੁਪਏ ਦੀ ਰਾਸ਼ੀ ਨਾਲ ਪ੍ਰੀ ਪਲਾਂਟੇਸ਼ਨ ਦਾ ਕੰਮ ਕੀਤਾ ਜਾਵੇਗਾ। ਉਨ੍ਹਾਂ ਵੱਲੋਂ 1 ਏਕੜ ਜਮੀਨ ਨੂੰ ਪੱਧਰਾ ਕਰਨ ਲਈ 1 ਲੱਖ ਰੁਪਏ ਦੀ ਰਾਸ਼ੀ ਨੂੰ ਪ੍ਰਵਾਨ ਕੀਤਾ ਗਿਆ।



ਉਨ੍ਹਾਂ ਦੱਸਿਆ ਕਿ ਤਰਨਤਾਰਨ ਗਊੂਸ਼ਾਲਾ ਦੇ ਵਿਕਾਸ ਲਈ ਇਸ ਤੋਂ ਪਹਿਲਾਂ 2 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਮੌਕੇ ਗਊੂਸ਼ਾਲਾ ਦੇ ਵਿਕਾਸ ਲਈ ਪ੍ਰਬੰਧਕਾਂ ਨੂੰ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ 21 ਹਜ਼ਾਰ ਰੁਪਏ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ ਵੱਲੋਂ 11 ਹਜ਼ਾਰ ਰੁਪਏ ਦੀ ਰਾਸ਼ੀ ਦਾ ਚੈੱਕ ਭੇਂਟ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਪਿੰਡ ਵਾਸੀਆਂ ਨੂੰ ਗਊੂਸ਼ਾਲਾ ਦੀ ਸਾਂਭ-ਸੰਭਾਲ ਲਈ ਅੱਗੇ ਆਉਣ ਲਈ ਵੀ ਪ੍ਰੇਰਿਆ।

ਸਮਾਗਮ ਦੇ ਅੰਤ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਝੋਨੇ ਦੀ ਪਰਾਲੀ ਨੂੰ ਨਾ ਸਾੜ ਕੇ ਨਾੜ ਨੂੰ ਗਊੂਸ਼ਾਲਾ ਨੂੰ ਦੇਣ ਵਾਲੇ 100 ਦੇ ਕਰੀਬ ਕਿਸਾਨਾਂ ਅਤੇ ਗਊੂਸ਼ਾਲਾ ਨੂੰ ਤੂੜੀ, ਪਰਾਲੀ, ਬੀਜ ਦੇ ਦਾਨੇ ਭੇਂਟ ਕਰਨ ਵਾਲਿਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ’ਤੇ ਗਊੂਸ਼ਾਲਾ ਦੇ ਪ੍ਰਧਾਨ ਵਿਨੋਦ ਕੁਮਾਰ ਸ਼ਰਮਾ ਤੇ ਹੋਰ ਪ੍ਰਬੰਧਕਾਂ ਵੱਲੋਂ ਵੱਲੋਂ ਸਮਾਗਮ ਵਿੱਚ ਪੁੱਜੀਆਂ ਸ਼ਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ. ਪੱਟੀ ਸ੍ਰੀ ਅਮਨਦੀਪ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਪ੍ਰਤਾਪ ਸਿੰਘ ਸੰਧੂ, ਸਿਵਲ ਸਰਜਨ ਡਾ. ਸ਼ਮਸ਼ੇਰ ਸਿੰਘ, ਖੇਤੀਬਾੜੀ ਇੰਸਪੈਕਟਰ ਸ੍ਰੀ ਅਮਨਦੀਪ ਸਿੰਘ, ਏ.ਡੀ.ਓ. ਭੁਪਿੰਦਰ ਸਿੰਘ ਵੀ ਹਾਜ਼ਰ ਸਨ।

------------------------